# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

**ਮੀਮੋ ਨੰ: Transfer Cell/2025/322388/** 2171 **ਮਿਤੀ:** 14.8.25

**ਜਨਤਕ ਸੂਚਨਾਂ**

1.0 ਸਾਲ 2025 ਦੌਰਾਨ ਵਿਭਾਗ ਵਲੋਂ ਜਨਤਕ ਸੂਚਨਾਂ ਮਿਤੀ 04.08.2025/06.08.2025 ਜਾਰੀ ਕਰਦੇ ਹੋਏ ਲਿਖਿਆ ਗਿਆ ਸੀ ਕਿ ਵਿਭਾਗ ਵਲੋਂ ਬਦਲੀਆਂ ਦੇ ਪਹਿਲੇ ਗੇੜ ਦੀਆਂ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 08.08.2025 ਤੱਕ ਦੇ ਸਕਦੇ ਸਨ।

2.0 ਕੁਝ ਅਧਿਆਪਕਾਂ/ਕਰਮਚਾਰੀਆਂ ਵਲੋਂ ਪ੍ਰਤੀਬੇਨਤੀਆਂ ਪ੍ਰਾਪਤ ਹੋਈਆਂ ਸਨ ਕਿ ਇੰਟਰਨੈੱਟ ਦੀ ਪ੍ਰੀਕਿਆ ਹੌਲੀ ਹੋਣ ਕਾਰਨ ਪੋਰਟਲ ਖੁੱਲ੍ਹ ਨਹੀਂ ਰਿਹਾ, ਜਿਸ ਕਾਰਨ ਉਹਨਾਂ ਨੂੰ ਸਟੇਸਨ ਚੁਆਇਸ ਦੇਣ ਵਿੱਚ ਦਿੱਕਤ ਪੇਸ਼ ਆ ਰਹੀ ਸੀ। ਅਧਿਆਪਕਾਂ/ਕਰਮਚਾਰੀਆਂ ਦੀ ਸਮੱਸਿਆ ਅਤੇ ਕੁਝ ਤਕਨੀਕੀ ਕਾਰਨਾਂ ਨੂੰ ਵੇਖਦੇ ਹੋਏ ਜਿਲ੍ਹੇ ਦੇ ਅੰਦਰ (Within District) ਸਟੇਸਨ ਚੋਣ ਦੀ ਪ੍ਰੀਕਿਆ ਬੰਦ ਕੀਤੀ ਗਈ ਸੀ। ਵਿਭਾਗ ਵੱਲੋਂ ਦਿੱਤੀ ਜਨਤਕ ਸੂਚਨਾ ਮਿਤੀ 04.08.2025 ਤੇ 06.08.2025 ਅਨੁਸਾਰ ਜਿਹੜੇ ਅਧਿਆਪਕਾਂ/ਕਰਮਚਾਰੀਆਂ ਵਲੋਂ ਸਟੇਸ਼ਨ ਚੁਆਇਸ ਦਿੱਤੀ ਗਈ ਸੀ, ਉਹ ਰੱਦ ਸਮਝੀ ਜਾਂਦੀ ਹੈ। ਜਿਹੜੇ ਅਧਿਆਖਕ/ਕਰਮਚਾਰੀ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਉਹ ਮੁੜ ਤੋਂ ਸਟੇਸ਼ਨ ਚੁਆਇਸ ਕਰਨਗੇ।

3.0 ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 14.08.2025 ਤੋਂ 17.08.2025 ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

4.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾਂ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

5.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਵਲੰਟੀਅਰ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

14.8.25

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)

Scanned with CamScanner